# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :16-06-2026**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਉਨ੍ਹਾਂ ਦੀ ਸਲੋਵਾਕੀਆ ਯਾਤਰਾ, ਭਾਰਤ ਅਤੇ ਸਲੋਵਾਕੀਆ ਦਰਮਿਆਨ ਦੁਵੱਲੇ ਸਬੰਧਾਂ ਨੂੰ ਹੋਰ ਮਜ਼ਬੂਤ ਕਰੇਗੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਸਲੋਵਾਕੀਆ ਦੀ ਆਪਣੀ ਯਾਤਰਾ ਦੀ ਸਮਾਪਤੀ ਕਰਦੇ ਹੋਏ ਕਿਹਾ ਕਿ ਦੋਵਾਂ ਮੁਲਕਾਂ ਵਿਚਕਾਰ ਮਜ਼ਬੂਤ ਵਪਾਰਕ ਸਬੰਧ ਨੌਜਵਾਨਾਂ ਨੂੰ ਲਾਭ ਪਹੁੰਚਾਉਣਗੇ। ਉਨ੍ਹਾਂ ਨੇ ਸਲੋਵਾਕਿਆ ਦੀ ਸਰਕਾਰ ਅਤੇ ਲੋਕਾਂ ਤੋਂ ਮਿਲੇ ਪਿਆਰ ਲਈ ਸ਼ੁਕਰੀਆ ਅਦਾ ਕੀਤਾ ਤੇ ਸਲੋਵਾਕੀਆ ਦੇ ਪ੍ਰਧਾਨ ਮੰਤਰੀ ਰਾਬਰਟ ਫਿਜ਼ੋ ਦਾ ਵੀ ਧੰਨਵਾਦ ਕੀਤਾ। ਪ੍ਰਧਾਨ ਮੰਤਰੀ ਮੋਦੀ ਸਲੋਵਾਕੀਆ ਦੀ ਆਪਣੀ ਫੇਰੀ ਸਮਾਪਤ ਕਰਨ ਤੋਂ ਬਾਅਦ ਫਰਾਂਸ ਲਈ ਰਵਾਨਾ ਹੋ ਗਏ ਨੇ । ਪ੍ਰਧਾਨ ਮੰਤਰੀ ਅੱਜ ਫਰਾਂਸ ਦੇ ਏਵੀਆਨ ਪਹੁੰਚਣਗੇ ।

ਇਸ ਤੋਂ ਬਾਅਦ, ਸ਼੍ਰੀ ਮੋਦੀ "ਨਵੀਆਂ ਭਾਈਵਾਲੀਆਂ ਬਣਾਉਣ ਅਤੇ ਅੰਤਰ-ਰਾਸ਼ਟਰੀ ਏਕਤਾ ਦਾ ਪੁਨਰ ਨਿਰਮਾਣ" ਵਿਸ਼ੇ 'ਤੇ ਹੋਣ ਵਾਲੇ ਸੰਮੇਲਨ ਦੇ ਕਾਰਜਕਾਰੀ ਸੈਸ਼ਨ ਵਿੱਚ ਹਿੱਸਾ ਲੈਣਗੇ। ਇਸ ਸੈਸ਼ਨ ਵਿੱਚ ਜੀ-7 ਦੇਸ਼ਾਂ ਦੇ ਨੇਤਾ, ਭਾਈਵਾਲ ਦੇਸ਼ਾਂ ਦੇ ਮੁਖੀ ਅਤੇ ਵਿਸ਼ਵ ਬੈਂਕ ਅਤੇ ਅਫਰੀਕੀ ਵਿਕਾਸ ਬੈਂਕ ਦੇ ਨੁਮਾਇੰਦੇ ਵੀ ਸ਼ਾਮਲ ਹੋਣਗੇ।

---------------------------------------------------------------------------------

ਕੇਂਦਰੀ ਸਿਹਤ ਮੰਤਰਾਲੇ ਨੇ ਦਵਾਈਆਂ ਸੰਬਧੀ ਨੇਮ, 1945 ਵਿੱਚ ਸੋਧ ਕਰਦਿਆਂ ਡਾਕਟਰਾਂ ਦੀ ਪਰਚੀ ਤੋਂ ਬਿਨਾਂ ਮੈਡੀਕਲ ਸਟੋਰਾਂ ਵਲੋਂ ਖੰਘ ਦੀ ਦਵਾਈ ਦੀ ਵਿਕਰੀ 'ਤੇ ਪਾਬੰਦੀ ਲਗਾ ਦਿੱਤੀ ਏ। ਸਿਹਤ ਮੰਤਰਾਲੇ ਵਲੋਂ ਇਸ ਸਬੰਧ ਵਿੱਚ ਜਾਰੀ ਇੱਕ ਨੋਟੀਫਿਕੇਸ਼ਨ ਵਿੱਚ ਕਿਹਾ ਗਿਆ ਏ ਕਿ ਇਹ ਸੋਧ ਦਸੰਬਰ 2025 ਵਿੱਚ ਪ੍ਰਕਾਸ਼ਿਤ ਖਰੜਾ ਨਿਯਮਾਂ 'ਤੇ ਲੋਕਾਂ ਤੋਂ ਪ੍ਰਾਪਤ ਇਤਰਾਜ਼ਾਂ ਅਤੇ ਸੁਝਾਵਾਂ 'ਤੇ ਵਿਚਾਰ ਕਰਨ ਤੋਂ ਬਾਅਦ ਕੀਤੀ ਗਈ ਏ। ਸਰਕਾਰ ਨੇ ਕਿਹਾ ਕਿ ਅੰਤਿਮ ਨਿਯਮਾਂ ਨੂੰ ਸੂਚਿਤ ਕਰਨ ਤੋਂ ਪਹਿਲਾਂ, ਸਲਾਹ-ਮਸ਼ਵਰੇ ਦੌਰਾਨ ਪ੍ਰਾਪਤ ਸਾਰੇ ਪ੍ਰਤੀਕਰਮਾਂ ਦੀ ਜਾਂਚ ਕੀਤੀ ਗਈ ਸੀ।

---------------------------------------------------------------------------------

ਸ਼੍ਰੀ ਮਾਤਾ ਵੈਸ਼ਨੋ ਦੇਵੀ ਜਾਣ ਵਾਲੇ ਸ਼ਰਧਾਲੂਆਂ ਅਤੇ ਹੋਰ ਮੁਸਾਫ਼ਰਾਂ ਦੀ

ਸਹੂਲਤ ਲਈ ਚਲਾਈ ਗਈ ਵੰਦੇ ਭਾਰਤ ਰੇਲਗੱਡੀ ਦੇ ਰੂਟ ਨੂੰ ਹੁਣ ਸਿੱਧਾ ਕਰ ਦਿੱਤਾ ਗਿਆ ਏ ਜਿਸ ਨਾਲ ਮੁਸਾਫ਼ਰਾਂ ਦਾ ਸਮਾਂ ਬਚੇਗਾ ਅਤੇ ਸਫ਼ਰ ਹੋਰ ਸੁਖਾਲਾ ਬਣੇਗਾ। ਕਾਂਗਰਸ ਦੇ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਬੀਤੇ ਕੱਲ ਅੰਮ੍ਰਿਤਸਰ ਰੇਲਵੇ ਸਟੇਸ਼ਨ 'ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵੰਦੇ ਭਾਰਤ ਰੇਲਗੱਡੀ ਦੇ ਰੂਟ ਵਿੱਚ ਕੀਤੇ ਗਏ ਮਹੱਤਵਪੂਰਨ ਬਦਲਾਅ ਬਾਰੇ ਦੱਸਿਆ ਕਿ ਜਦੋਂ ਇਹ ਰੇਲਗੱਡੀ ਸ਼ੁਰੂਆਤ ਵਿਚ ਜਲੰਧਰ ਰਾਹੀਂ ਪਠਾਨਕੋਟ ਜਾਂਦੀ ਸੀ, ਜਿਸ ਕਾਰਨ ਮੁਸਾਫ਼ਰਾਂ ਨੂੰ ਵਾਧੂ ਦੂਰੀ ਤੈਅ ਕਰਨੀ ਪੈਂਦੀ ਸੀ। ਰੇਲਗੱਡੀ ਦਾ ਰੂਟ ਅੰਮ੍ਰਿਤਸਰ, ਬਟਾਲਾ, ਗੁਰਦਾਸਪੁਰ ਅਤੇ ਪਠਾਨਕੋਟ ਰਾਹੀਂ ਕਰਨ ਦੀ ਮੰਗ ਕੀਤੀ ਜਾ ਰਹੀ ਸੀ ਤਾਂ ਜੋ ਮਾਝਾ ਖੇਤਰ ਦੇ ਲੋਕਾਂ ਨੂੰ ਇਸਦਾ ਸਿੱਧਾ ਲਾਭ ਮਿਲ ਸਕੇ। ਸ੍ਰੀ ਔਜਲਾ ਨੇ ਇਸ ਲਈ ਕੇਂਦਰੀ ਰੇਲ ਮੰਤਰਾਲੇ ਅਤੇ ਕੇਂਦਰੀ ਰੇਲਵੇ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਫੈਸਲਾ ਖੇਤਰ ਦੇ ਹਜ਼ਾਰਾਂ ਮੁਸਾਫ਼ਰਾਂ ਲਈ ਫਾਇਦੇਮੰਦ ਸਾਬਤ ਹੋਵੇਗਾ।

BYTE

------------------------------------------------------------------------

ਪੰਜਾਬ ਸਰਕਾਰ ਵੱਲੋਂ ਬਜ਼ੁਰਗਾਂ ਦੀ ਭਲਾਈ, ਸੁਰੱਖਿਆ ਅਤੇ ਸਨਮਾਨ ਨੂੰ ਯਕੀਨੀ ਬਣਾਉਣ ਲਈ ਬਿਰਧ ਘਰਾਂ ਨੂੰ ਮਜ਼ਬੂਤ ਕਰਨ ਅਤੇ

ਸੁਰੱਖਿਆ ਤੰਤਰ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਲਗਾਤਾਰ ਠੋਸ ਕਦਮ ਚੁੱਕੇ ਜਾ ਰਹੇ ਨੇ | ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਬਜ਼ੁਰਗ ਸਾਡੇ ਪਰਿਵਾਰਾਂ ਦੀ ਬੁਨਿਆਦ, ਤਜਰਬੇ ਦਾ ਸਰੋਤ ਅਤੇ ਸਾਡੀ ਅਨਮੋਲ ਵਿਰਾਸਤ ਨੇ । ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਕੋਈ ਵੀ ਬਜ਼ੁਰਗ ਆਪਣੇ ਆਪ ਨੂੰ ਇਕੱਲਾ ਜਾਂ ਬੇਸਹਾਰਾ ਮਹਿਸੂਸ ਨਾ ਕਰੇ। ਕੈਬਨਿਟ ਮੰਤਰੀ ਨੇ ਦੱਸਿਆ ਕਿ ਸਰਕਾਰ ਅਤੇ ਗੈਰ-ਸਰਕਾਰੀ ਸੰਗਠਨਾਂ ਦੇ ਸਹਿਯੋਗ ਨਾਲ ਚਲਾਏ ਜਾ ਰਹੇ 15 ਬਿਰਧ ਘਰਾਂ ਦੇ ਸੁਚਾਰੂ ਸੰਚਾਲਨ ਲਈ ਵਿੱਤੀ ਵਰ੍ਹੇ 2025-26 ਦੌਰਾਨ 4 ਕਰੋੜ 10 ਲਖ ਰੁਪਏ ਦੀ ਗ੍ਰਾਂਟ ਜਾਰੀ ਕੀਤੀ ਗਈ ਏ । ਇਸ ਵਿੱਤੀ ਸਹਾਇਤਾ ਨਾਲ ਬਜ਼ੁਰਗਾਂ ਨੂੰ ਰਿਹਾਇਸ਼, ਪੌਸ਼ਟਿਕ ਭੋਜਨ, ਸਿਹਤ ਸੰਭਾਲ ਅਤੇ ਹੋਰ ਜ਼ਰੂਰੀ ਸੇਵਾਵਾਂ ਹੋਰ ਬਿਹਤਰ ਢੰਗ ਨਾਲ ਮੁਹੱਈਆ ਕਰਵਾਈਆਂ ਜਾ ਸਕਣਗੀਆਂ | ਉਨ੍ਹਾਂ ਦੱਸਿਆ ਕਿ ਬਜ਼ੁਰਗਾਂ ਦੀ ਦੇਖਭਾਲ ਅਤੇ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਸੂਬੇ ਵਿੱਚ 26 ਬਿਰਧ ਘਰਾਂ ਨੂੰ ਰਜਿਸਟਰਡ ਕੀਤਾ ਗਿਆ ਏ । ਇਹ ਸੰਸਥਾਵਾਂ ਲੋੜਵੰਦ ਬਜ਼ੁਰਗਾਂ ਨੂੰ ਸੁਰੱਖਿਅਤ ਅਤੇ ਸਨਮਾਨਜਨਕ ਮਾਹੌਲ ਪ੍ਰਦਾਨ ਕਰਨ ਵਿੱਚ ਅਹਿਮ ਭੂਮਿਕਾ ਨਿਭਾ ਰਹੀਆਂ ਹਨ।

ਉਨ੍ਹਾਂ ਕਿਹਾ ਕਿ ਬਜ਼ੁਰਗਾਂ ਨਾਲ ਕਿਸੇ ਵੀ ਤਰ੍ਹਾਂ ਦੀ ਅਣਦੇਖੀ, ਦੁਰ-ਵਿਵਹਾਰ ਜਾਂ ਸ਼ੋਸ਼ਣ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਅਜਿਹੀਆਂ ਘਟਨਾਵਾਂ ਸਬੰਧੀ ਸ਼ਿਕਾਇਤ ਦਰਜ ਕਰਵਾਉਣ ਲਈ  ਹੈਲਪਲਾਈਨ ਨੰਬਰ 14-567 ਉਪਲਬਧ ਏ । ਇਸ ਹੈਲਪਲਾਈਨ ਰਾਹੀਂ ਪ੍ਰਾਪਤ ਹਰ ਸ਼ਿਕਾਇਤ ਦਾ ਤਰਜੀਹੀ ਆਧਾਰ 'ਤੇ ਨਿਪਟਾਰਾ ਯਕੀਨੀ ਬਣਾਇਆ ਜਾਂਦਾ ਏ ।

------------------------------------------------------------------------------------

ਵੋਟਰ ਸੂਚੀਆਂ ਦੀ ਵਿਸ਼ੇਸ਼ ਤੀਬਰ ਸੋਧ-SIR ਤਹਿਤ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਵਿੱਚ ਕੱਲ ਤੋਂ ਬੂਥ ਲੈਵਲ ਅਫ਼ਸਰਾਂ-BLOs ਵੱਲੋਂ ਘਰ-ਘਰ ਦੌਰੇ ਸ਼ੁਰੂ ਕੀਤੇ ਗਏ।  ਚੋਣ ਕਮਿਸ਼ਨ ਵਲੋਂ ਨਿਰਧਾਰਿਤ ਸਮਾਂ-ਸਾਰਣੀ ਮੁਤਾਬਿਕ ਬੀਤੀ ਕੱਲ 15 ਜੂਨ ਤੋਂ ਸ਼ੁਰੂ ਹੋਇਆ ਇਹ ਗਣਨਾ ਗੇੜ 14 ਜੁਲਾਈ ਤੱਕ ਜਾਰੀ ਚਲੇਗਾ।  ਮੁਹਿੰਮ ਦੇ ਪਹਿਲੇ ਦਿਨ ਬੀਤੀ ਸ਼ਾਮ 5 ਵਜੇ ਤੱਕ,  BLOs  ਨੇ ਸ਼ਹਿਰ ਭਰ ਦੇ ਵੋਟਰਾਂ ਨੂੰ 37 ਹਜ਼ਾਰ 410 ਗਣਨਾ ਫਾਰਮ ਵੰਡੇ । ਹਰੇਕ ਵੋਟਰ ਨੂੰ ਫਾਰਮ ਦੀਆਂ ਦੋ ਕਾਪੀਆਂ ਉਪਲਬਧ ਕਰਵਾਈਆਂ ਜਾਣਗੀਆਂ ਅਤੇ ਜ਼ਰੂਰਤ ਪੈਣ 'ਤੇ ਫਾਰਮ ਭਰਨ ਵਿੱਚ ਸਹਾਇਤਾ ਵੀ ਪ੍ਰਦਾਨ ਕੀਤੀ ਜਾਵੇਗੀ।

ਜਿਨ੍ਹਾਂ ਘਰਾਂ 'ਤੇ ਤਾਲਾ ਲਗਿਆ ਮਿਲੇਗਾ, ਉੱਥੇ ਫਾਰਮ ਨੂੰ ਘਰ ਵਿੱਚ ਛੱਡ ਦੇਣਗੇ ਅਤੇ ਉਨ੍ਹਾਂ ਨੂੰ ਇਕੱਠਾ ਕਰਨ ਲਈ ਵੱਖ-ਵੱਖ ਤਰੀਕਾਂ 'ਤੇ ਘੱਟੋ-ਘੱਟ ਤਿੰਨ ਵਾਰ ਮੁੜ ਤੋਂ ਦੌਰੇ ਕਰਨਗੇ। ਭਰੇ ਹੋਏ ਗਣਨਾ ਫਾਰਮ ECINet ਮੋਬਾਈਲ ਐਪ ਜਾਂ ਵੋਟਰਸ ਸਰਵਿਸ ਪੋਰਟਲ ਦੇ ਜ਼ਰੀਏ ਜਮ੍ਹਾਂ ਕਰਵਾ ਸਕਦੇ ਨੇ । ਕਿਸੇ ਵੀ ਜਾਣਕਾਰੀ ਜਾਂ ਸਹਾਇਤਾ ਲਈ ਸਬੰਧਿਤ BLO ਜਾਂ ਵੋਟਰ ਹੈਲਪਲਾਇਨ 1950 'ਤੇ ਸੰਪਰਕ ਕੀਤਾ ਜਾ ਸਕਦਾ ਏ ।

------------------------------------------------------------------------------

ਅੱਜ ਸਵੇਰੇ ਫਾਜ਼ਿਲਕਾ, ਮਾਨਸਾ ਅਤੇ ਹੁਸ਼ਿਆਰਪੁਰ ਸਮੇਤ ਸਮੇਤ ਹੋਰਨਾਂ ਕਈ ਥਾਵਾਂ 'ਤੇ ਮੀਂਹ ਪੈਣ ਨਾਲ  ਲੋਕਾਂ ਨੂੰ ਗਰਮੀ ਤੋਂ ਰਾਹਤ ਮਿਲੀ ਏ । ਓਧਰ ਮਾਨਸਾ ਤੋਂ ਜ਼ਿਲ੍ਹਾ ਖੇਤੀਬਾੜੀ ਅਫ਼ਸਰ ਡਾ. ਹਰਵਿੰਦਰ ਸਿੰਘ ਸਿੱਧੂ ਨੇ ਦੱਸਿਆ ਕਿ ਇਹ ਮੀਂਹ ਝੋਨੇ ਸਮੇਤ ਸਾਉਣੀ ਦੀਆਂ ਸਾਰੀਆਂ ਫ਼ਸਲਾਂ ਲਈ ਬਹੁਤ ਲਾਭਦਾਇਕ ਏ ।  ਮੌਸਮ ਵਿਭਾਗ ਨੇ ਅੱਜ ਅਤੇ 18 ਤੋਂ 20 ਜੂਨ ਤਕ  ਪੰਜਾਬ , ਹਰਿਆਣਾ, ਚੰਡੀਗੜ੍ਹ ਦੇ ਕਈ ਹਿੱਸਿਆਂ ਵਿੱਚ ਗਰਜ-ਚਮਕ ਨਾਲ ਮੀਹ ਅਤੇ ਤੇਜ਼ ਹਵਾਵਾਂ ਚੱਲਣ ਬਾਰੇ ਯੈਲੋ ਅਲਰਟ ਜਾਰੀ ਕੀਤਾ ਏ  ।

------------------------------------------------------------------------------